Punjab Government Gazette

Published by Authority

No. 12] CHANDIGARH, FRIDAY, MARCH 20, 2026 (PHALGUNA 29, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਲੋਕ ਨਿਰਮਾਣ ਵਿਭਾਗ

ਇਮਾਰਤਾਂ ਤੇ ਸੜਕਾਂ-1 ਸ਼ਾਖਾ

ਅਧਿਸੂਚਨਾ

ਮਿਤੀ 31 ਜਨਵਰੀ, 2024

ਨੰ:PWD-BR105/4/2024-1BR1/771389:- ਲੋਕ ਨਿਰਮਾਣ ਵਿਭਾਗ (ਭ ਤੇ ਮ) ਵਿਚ ਬਤੌਰ ਨਿਗਰਾਨ ਇੰਜੀਨੀਅਰ ਸੇਵਾ ਨਿਭਾਅ ਰਹੇ ਹੇਠ ਦਰਸਾਏ ਅਧਿਕਾਰੀਆਂ ਨੂੰ ਪੰਜਾਬ ਸਿਵਲ ਸੇਵਾਵਾਂ, ਜਿਲਦ-1 ਦੇ ਨਿਯਮ 3.26 (ਏ) ਅਤੇ (ਬੀ) ਵਿੱਚ ਦਰਜ ਉਪਬੰਧਾਂ ਅਧੀਨ 58 ਸਾਲ ਦੀ ਉਮਰ ਪੂਰੀ ਹੋਣ ਉਪਰੰਤ ਮਿਤੀ 31.01.2024 ਨੂੰ (ਬਾਅਦ ਦੁਪਹਿਰ) ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ:-

ਲੜੀ ਨੰ:	ਨਿਗਰਾਨ ਇੰਜੀਨੀਅਰ ਦਾ ਨਾਮ	ਰਿਟਾਇਰਮੈਂਟ ਦੀ ਮਿਤੀ
1	ਸ਼੍ਰੀ ਵਿਸ਼ਾਲ ਗੁਪਤਾ	31.01.2024
2	ਸ਼੍ਰੀ ਭਾਗਵਿੰਦਰ ਸਿੰਘ ਤੁੱਲੀ	31.01.2024

2. ਇਨ੍ਹਾਂ ਅਧਿਕਾਰੀਆਂ ਵਿਰੁੱਧ ਮੌਜੂਦਾ ਸਮੇਂ ਚੱਲ ਰਹੇ ਜਾਂ ਭਵਿੱਖ ਵਿਚ ਕੋਈ ਵਿਭਾਗੀ/ ਚੌਕਸੀ ਪੜਤਾਲ ਜਾਂ ਮਿਸਲੇਨੀਅਸ ਐਡਵਾਂਸ ਰਕਮ ਆਦਿ ਦਾ ਕੇਸ ਲੰਬਿਤ ਹੋਵੇ ਤਾਂ ਉਸ ਤੇ ਇਨ੍ਹਾਂ ਰਿਟਾਇਰਮੈਂਟ ਦੇ ਹੁਕਮਾਂ ਦਾ ਕੋਈ ਅਸਰ ਨਹੀਂ ਹੋਵੇਗਾ ਅਤੇ ਸਬੰਧਤ ਅਧਿਕਾਰੀਆਂ ਵਿਰੁੱਧ ਕਾਰਵਾਈ ਜਾਰੀ ਰੱਖਣ ਦਾ ਸਰਕਾਰ ਦਾ ਹੱਕ ਰਾਖਵਾਂ ਹੋਵੇਗਾ। ਇਸ ਤੋਂ ਇਲਾਵਾ ਜੇਕਰ ਅਧਿਕਾਰੀਆਂ ਵਿਰੁੱਧ ਸਰਕਾਰ ਦਾ ਕੋਈ ਬਕਾਇਆ ਆਦਿ ਲੰਬਿਤ ਹੋਵੇ ਤਾਂ ਉਸ ਨੂੰ ਰਿਕਵਰ ਕਰਨ ਦਾ ਅਧਿਕਾਰ ਸਰਕਾਰ ਪਾਸ ਰਾਖਵਾਂ ਹੋਵੇਗਾ।

3. ਇਹ ਹੁਕਮ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੇ ਜਾਂਦੇ ਹਨ।

ਪ੍ਰਿਯਾਂਕ ਭਾਰਤੀ, ਆਈ.ਏ.ਐਸ

ਸਕੱਤਰ, ਪੰਜਾਬ ਸਰਕਾਰ

ਲੋਕ ਨਿਰਮਾਣ ਵਿਭਾਗ (ਭ ਤੇ ਮ)।

ਚੰਡੀਗੜ੍ਹ

ਮਿਤੀ 30,ਜਨਵਰੀ, 2024

3664/3-2026/Pb. Govt. Press, S.A.S. Nagar